**District Public Relations Officer Moga**

# VIGILANCE NABS PSPCL JE Taking BRIBE

Moga, May 23: State Vigilance Bureau today arrested Junior Engineer (JE) of PSPCL for taking bribe.

Disclosing this here an official spokesperson of the Vigilance Bureau said JE Jaswant Singh posted at PSPCL sub-division Bhinder Kalan, Moga was arrested on the complaint of Gurmail Singh of Village Fatehgarh Korotana in Moga district.

The complaint has approached the VB and alleged that the above said JE was demanding Rs. 7,000 to replace two non-working electricity transformers on his land. It may be mentioned here that the accused JE had already taken Rs. 2000 as a first installment.

After verifying his information, a Vigilance team laid a trap and the accused JE arrested on the spot while accepting bribe of Rs. 2,000 from the complainant in the presence of two official witnesses.

He informed that a case under sections 7,13 (2) of Prevention of Corruption Act has been registered against the accused at VB police station Ferozepur and further investigation was under progress.

----------------

ਦਫਤਰ ਜਿਲਾ ਲੋਕ ਸੰਪਰਕ ਅਫਸਰ ਮੋਗਾ

# ਵਿਜੀਲੈਂਸ ਵੱਲੋਂ ਬਿਜਲੀ ਨਿਗਮ ਦਾ ਜੇ.ਈ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ

ਮੋਗਾ, 23 ਮਈ: ਪੰਜਾਬ ਵਿਜੀਲੈਂਸ ਬਿਊਰੋ ਨੇ ਪੀ.ਐਸ.ਪੀ.ਸੀ.ਐਲ ਸਬ ਡਵੀਜਨ ਭਿੰਡਰ ਕਲਾਂ, ਜਿਲਾ ਮੋਗਾ ਵਿਖੇ ਤਾਇਨਾਤ ਜੂਨੀਅਰ ਇੰਜੀਨੀਅਰ ਨੂੰ ਰਿਸ਼ਵਤ ਲੈਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਜੇ.ਈ ਜਸਵੰਤ ਸਿੰਘ ਨੂੰ ਸ਼ਿਕਾਇਤਕਰਤਾ ਗੁਰਮੇਲ ਸਿੰਘ ਵਾਸੀ ਪਿੰਡ ਫਤਿਹਗੜ੍ਹ ਕੋਰੋਟਾਣਾ, ਜਿਲਾ ਮੋਗਾ ਦੀ ਸ਼ਿਕਾਇਤ ’ਤੇ 2,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਦੇ ਭਰਾ ਦੀ ਵਾਹੀਯੋਗ ਜਮੀਨ ’ਤੇ ਲੱਗੇ ਬਿਜਲੀ ਦੇ ਦੋ ਖਰਾਬ ਹੋਏ ਟਰਾਂਸਫਾਰਮਰ ਨੂੰ ਬਦਲਣ ਬਦਲੇ ਜੇ.ਈ 7,000 ਰੁਪਏ ਦੀ ਮੰਗ ਕਰ ਰਿਹਾ ਹੈ। ਦੱਸਣਯੋਗ ਹੈ ਕਿ ਦੋਸ਼ੀ ਜੇ.ਈ ਉਕਤ ਟਰਾਂਸਫਾਰਮਰਾਂ ਨੂੰ ਬਦਲਣ ਬਦਲੇ ਪਹਿਲਾਂ ਹੀ 2000 ਰੁਪਏ ਪਹਿਲੀ ਕਿਸ਼ਤ ਵਜੋਂ ਹਾਸਲ ਕਰ ਚੁੱਕਾ ਸੀ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਜੇ.ਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 2,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ।

ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਫਿਰੋਜਪੁਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।